ਪ੍ਰਭਾਤੀ ਮਹਲਾ ੫ ॥ ਸਿਮਰਤ ਨਾਮੁ ਕਿਲਬਿਖ ਸਭਿ ਨਾਸੇ ॥ ਸਚੁ ਨਾਮੁ ਗੁਰਿ ਦੀਨੀ ਰਾਸੇ ॥ ਪ੍ਰਭ ਕੀ ਦਰਗਹ ਸੋਭਾਵੰਤੇ ॥ ਸੇਵਕ ਸੇਵਿ ਸਦਾ ਸੋਹੰਤੇ ॥ ੧॥ ਹਰਿ ਹਰਿ ਨਾਮੁ ਜਪਹੁ ਮੇਰੇ ਭਾਈ ॥ ਸਗਲੇ ਰੋਗ ਦੋਖ ਸਭਿ ਬਿਨਸਹਿ ਅਗਿਆਨੁ ਅੰਧੇਰਾ ਮਨ ਤੇ ਜਾਈ ॥੧॥ ਰਹਾਉ ॥ ਜਨਮ ਮਰਨ ਗੁਰਿ ਰਾਖੇ ਮੀਤ ॥ ਹਰਿ ਕੇ ਨਾਮ ਸਿਉ ਲਾਗੀ ਪ੍ਰੀਤਿ ॥ ਕੋਟਿ ਜਨਮ ਕੇ ਗਏ ਕਲੇਸ ॥ ਜੋ ਤਿਸੁ ਭਾਵੈ ਸੋ ਭਲ ਹੋਸ ॥ ੨॥ ਤਿਸੁ ਗੁਰ ਕਉ ਹਉ ਸਦ ਬਲਿ ਜਾਈ ॥ ਜਿਸੁ ਪ੍ਰਸਾਦਿ ਹਰਿ ਨਾਮੁ ਧਿਆਈ ॥ ਐਸਾ ਗੁਰੁ ਪਾਈਐ ਵਡਭਾਗੀ ॥ ਜਿਸੁ ਮਿਲਤੇ ਰਾਮ ਲਿਵ ਲਾਗੀ ॥੩॥ ਕਰਿ ਕਿਰਪਾ ਪਾਰਬ੍ਰਹਮ ਸੁਆਮੀ ॥ ਸਗਲ ਘਟਾ ਕੇ ਅੰਤਰਜਾਮੀ ॥ ਆਠ ਪਹਰ ਅਪੁਨੀ ਲਿਵ ਲਾਇ ॥ ਜਨੁ ਨਾਨਕੁ ਪ੍ਰਭ ਕੀ ਸਰਨਾਇ ॥੪॥੫॥ {ਪੰਨਾ 1339}

ਪਦ ਅਰਥ:- ਸਿਮਰਤ—ਸਿਮਰਦਿਆਂ। ਕਿਲਬਿਖ—ਪਾਪ। ਸਚੁ—ਸਦਾ ਕਾਇਮ ਰਹਿਣ ਵਾਲਾ। ਗੁਰਿ—ਗੁਰੂ ਨੇ। ਰਾਸੇ—ਰਾਸਿ, ਸਰਮਾਇਆ, ਪੂੰਜੀ। ਸੇਵਿ—ਸੇਵਾ ਕਰ ਕੇ, ਭਗਤੀ ਕਰ ਕੇ। ਸੋਹੰਤੇ—ਸੋਹਣੇ ਲੱਗਦੇ ਹਨ।1।

ਭਾਈ—ਹੇ ਭਾਈ! ਦੋਖ—ਐਬ, ਪਾਪ। ਸਭਿ—ਸਾਰੇ। ਬਿਨਸਹਿ—ਨਾਸ ਹੋ ਜਾਂਦੇ ਹਨ। ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ। ਤੇ—ਤੋਂ। ਜਾਈ—ਦੂਰ ਹੋ ਜਾਂਦਾ ਹੈ।1। ਰਹਾਉ।

ਗੁਰਿ—ਗੁਰੂ ਨੇ। ਰਾਖੇ—ਮੁਕਾ ਦਿੱਤੇ। ਮੀਤ—ਹੇ ਮਿੱਤਰ! ਸਿਉ—ਨਾਲ। ਕੋਟਿ—ਕ੍ਰੋੜਾਂ। ਤਿਸੁ ਭਾਵੈ—ਉਸ ਪਰਮਾਤਮਾ ਨੂੰ ਚੰਗਾ ਲੱਗਦਾ ਹੈ। ਭਲ—ਭਲਾ। ਹੋਸ—ਹੋਵੇਗਾ।2।

ਹਉ—ਹਉਂ, ਮੈਂ। ਸਦ—ਸਦਾ। ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦਾ ਹਾਂ। ਪ੍ਰਸਾਦਿ—ਕਿਰਪਾ ਨਾਲ। ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ। ਲਿਵ—ਲਗਨ।3।

ਪਾਰਬ੍ਰਹਮ—ਹੇ ਪਾਰਬ੍ਰਹਮ! ਘਟ—ਸਰੀਰ, ਹਿਰਦਾ। ਅੰਤਰਜਾਮੀ—ਹੇ ਅੰਦਰ ਦੀ ਜਾਣਨ ਵਾਲੇ! ਲਿਵ ਲਾਇ—ਪਿਆਰ ਬਣਾਈ ਰੱਖ। ਜਨੁ—ਦਾਸ।4।

ਅਰਥ:- ਹੇ ਮੇਰੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰੋ। (ਸਿਮਰਨ ਦੀ ਬਰਕਤਿ ਨਾਲ ਮਨ ਦੇ) ਸਾਰੇ ਰੋਗ ਦੂਰ ਹੋ ਜਾਂਦੇ ਹਨ, ਸਾਰੇ ਪਾਪ ਨਾਸ ਹੋ ਜਾਂਦੇ ਹਨ, ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਮਨ ਤੋਂ ਦੂਰ ਹੋ ਜਾਂਦਾ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ। (ਜਿਨ੍ਹਾਂ ਨੂੰ) ਗੁਰੂ ਨੇ ਸਦਾ-ਥਿਰ ਹਰਿ-ਨਾਮ ਦਾ ਸਰਮਾਇਆ ਬਖ਼ਸ਼ਿਆ, ਪਰਮਾਤਮਾ ਦੀ ਦਰਗਾਹ ਵਿਚ ਉਹ ਇੱਜ਼ਤ ਵਾਲੇ ਬਣੇ। ਹੇ ਭਾਈ! ਪਰਮਾਤਮਾ ਦੇ ਭਗਤ (ਪਰਮਾਤਮਾ ਦੀ) ਭਗਤੀ ਕਰ ਕੇ ਸਦਾ (ਲੋਕ ਪਰਲੋਕ ਵਿਚ) ਸੋਹਣੇ ਲੱਗਦੇ ਹਨ।1।

ਹੇ ਮਿੱਤਰ! (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਵਿਚ (ਜਿਨ੍ਹਾਂ ਮਨੁੱਖਾਂ ਦਾ) ਪਿਆਰ ਬਣਿਆ, ਗੁਰੂ ਨੇ (ਉਹਨਾਂ ਦੇ) ਜਨਮ ਮਰਨ (ਦੇ ਗੇੜ) ਮੁਕਾ ਦਿੱਤੇ। (ਹਰਿ-ਨਾਮ ਨਾਲ ਪ੍ਰੀਤ ਦੀ ਬਰਕਤਿ ਨਾਲ ਉਹਨਾਂ ਦੇ) ਕ੍ਰੋੜਾਂ ਜਨਮਾਂ ਦੇ ਦੁੱਖ-ਕਲੇਸ਼ ਦੂਰ ਹੋ ਗਏ। (ਉਹਨਾਂ ਨੂੰ) ਉਹ ਕੁਝ ਭਲਾ ਜਾਪਦਾ ਹੈ ਜੋ ਪਰਮਾਤਮਾ ਨੂੰ ਚੰਗਾ ਲੱਗਦਾ ਹੈ।2।

ਹੇ ਭਾਈ! ਮੈਂ ਉਸ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ, ਜਿਸ ਦੀ ਮਿਹਰ ਨਾਲ ਮੈਂ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹਾਂ। ਹੇ ਭਾਈ! ਇਹੋ ਜਿਹਾ ਗੁਰੂ ਵੱਡੀ ਕਿਸਮਤ ਨਾਲ ਹੀ ਮਿਲਦਾ ਹੈ, ਜਿਸ ਦੇ ਮਿਲਿਆਂ ਪਰਮਾਤਮਾ ਨਾਲ ਪਿਆਰ ਬਣਦਾ ਹੈ।3।

ਹੇ ਪਾਰਬ੍ਰਹਮ! ਹੇ ਸੁਆਮੀ! ਹੇ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲੇ! ਮਿਹਰ ਕਰ। (ਮੇਰੇ ਅੰਦਰ) ਅੱਠੇ ਪਹਰ

ਆਪਣੀ ਲਗਨ ਲਾਈ ਰੱਖ, (ਤੇਰਾ) ਦਾਸ ਨਾਨਕ ਤੇਰੀ ਸਰਨ ਪਿਆ ਰਹੇ।4।5।